2414
25/9/2018

DSS
21/9/18

# ਦਫਤਰ ਡਾਇਰੈਕਟਰ ਰਾਜ ਸਿੱਖਿਆ ਖੋਜ ਅਤੇ ਸਿਖਲਾਈ ਪ੍ਰੀਸਦ, ਪੰਜਾਬ
## ਬਲਾਕ ਈ, ਛੇਵੀਂ ਮੰਜਿਲ, ਪੰਜਾਬ ਸਕੂਲ ਸਿੱਖਿਆ ਬੋਰਡ ਕੰਮ, ਫੇਜ-8 ਮੋਹਾਲੀ
## ਫੋਨ ਨੰ:0172-2212221,

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ),
ਪੰਜਾਬ

ਮੀਮੋ ਨੰ: 5/8-2018ਪ੍ਰੀ (5) ਐਨ.ਟੀ.ਐਸ.ਈ. 2018-19 / 7938
ਮਿਤੀ: ਮੋਹਾਲੀ- 20.9.2018

ਵਿਸ਼ਾ: ਕੌਮੀ ਯੋਗਤਾ ਖੋਜ ਪ੍ਰੀਖਿਆ (NTSE Stage-1) ਸਾਲ 2018-19 ਦੀ ਮਿਤੀ 4.11.2018 ਨੂੰ ਹੋਣ ਵਾਲੀ ਪ੍ਰੀਖਿਆ ਲਈ ਰਜਿਸਟ੍ਰੇਸ਼ਨ ਸਬੰਧੀ।

ਉਪਰੋਕਤ ਵਿਸ਼ੇ ਸਬੰਧੀ ਵਿਭਾਗ ਨੂੰ ਪੰਜਾਬ ਰਾਜ ਵਿੱਚ ਪੜ੍ਹਦੇ 10ਵੀਂ ਕਲਾਸ ਦੇ ਕਈ ਵਿਦਿਆਰਥੀਆਂ ਦੇ ਟੈਲੀਫੋਨ ਸੰਦੇਸ਼ ਪ੍ਰਾਪਤ ਹੋ ਰਹੇ ਹਨ ਕਿ ਕਈ ਪ੍ਰਾਈਵੇਟ ਸਕੂਲਜ਼ ਵਿਦਿਆਰਥੀਆਂ ਨੂੰ ਇਸ ਪ੍ਰੀਖਿਆ ਲਈ ਰਜਿਸਟਰ ਕਰਵਾਉਣ ਵਿੱਚ ਸਹਿਯੋਗ ਨਹੀਂ ਦੇ ਰਹੇ ਹਨ। ਜਿਸ ਕਾਰਨ ਵਿਦਿਆਰਥੀਆਂ ਨੂੰ ਇਸ ਪ੍ਰੀਖਿਆ ਲਈ ਆਪਣੇ ਆਪ ਨੂੰ ਰਜਿਸਟਰ ਕਰਵਾਉਣ ਵਿੱਚ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇੱਥੇ ਜ਼ਿਕਰਯੋਗ ਹੈ ਕਿ ਇਹ ਪ੍ਰੀਖਿਆ ਦਸਵੀਂ ਕਲਾਸ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਲਈ ਹੈ ਅਤੇ ਇਸ ਪ੍ਰੀਖਿਆ ਵਿੱਚ ਰਾਜ ਦੇ ਕਿਸੇ ਵੀ (ਸਰਕਾਰੀ/ਸਰਕਾਰੀ ਮਾਨਤਾ ਪ੍ਰਾਪਤ/ਏਡਿਡ/ਐਫੀਲਿਏਟਿਡ/ਪ੍ਰਾਈਵੇਟ) ਸਕੂਲ ਦੇ ਵਿਦਿਆਰਥੀ (ਜੋ ਨਿਰਧਾਰਿਤ ਸ਼ਰਤਾਂ ਪੂਰੀਆਂ ਕਰਦੇ ਹਨ) ਭਾਗ ਲੈ ਸਕਦੇ ਹਨ। ਇਸ ਪ੍ਰੀਖਿਆ ਲਈ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ e-punjabschoolportal ਤੇ school login id ਅਧੀਨ ਮਿਤੀ 01.09.2018 ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਇਸ ਦੀ ਅੰਤਿਮ ਮਿੱਤੀ 30.09.2018 ਹੈ।

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਨੂੰ ਲਿੱਖਿਆ ਜਾਂਦਾ ਹੈ ਕਿ ਉਹ ਉਪਰੋਕਤ ਵਿਸ਼ੇ ਸਬੰਧੀ ਆਪਣੇ ਜਿਲ੍ਹੇ ਅਧੀਨ ਆਉਂਦੇ ਹਰੇਕ ਸਕੂਲ (ਹਾਈ/ਸੀਨੀਅਰ ਸਕੰਡਰੀ) ਨੂੰ ਸਖਤ ਹਦਾਇਤ ਜਾਰੀ ਕਰਨ ਤਾਂ ਜੋ ਇਛੁੱਕ ਵਿਦਿਆਰਥੀ ਇਸ ਪ੍ਰੀਖਿਆ ਲਈ ਰਜਿਸਟਡ ਹੋ ਸਕਣ ਅਤੇ ਕੋਈ ਵੀ ਚਾਹਵਾਨ ਵਿਦਿਆਰਥੀ ਇਸ ਪ੍ਰੀਖਿਆ ਵਿੱਚ ਭਾਗ ਲੈਣ ਤੋਂ ਵਾਂਝਾ ਨਾ ਰਹਿ ਸਕੇ।

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ: ਸਿ:) ਪਟਿਆਲਾ।

ਪਿੱਠ ਅੰਕਣ ਨੰ: ਡੀ. ਐੱਸ. ਐੱਸ./(8)2018/NTSE/504 ਮਿਤੀ-25/9/2018

ਡਾਇਰੈਕਟਰ,
ਐਸ.ਸੀ.ਈ.ਆਰ.ਟੀ,ਪੰਜਾਬ।

ਸਮੂਹ ਸਕੂਲ ਮੁਖੀਆਂ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਮਿਤੀ 30/9/18 ਤੱਕ ਆਪ ਜੀ ਦੇ ਸਕੂਲ ਦਾ ਕੋਈ ਵੀ ਵਿਦਿਆਰਥੀ ਜੋ NTSE stage-1 ਸਾਲ 2018-19 ਦੀ ਪ੍ਰੀਖਿਆ ਦੇਣ ਦਾ ਚਾਹਵਾਨ ਹੈ ਉਸ ਦੀ ਰਜਿਸਟ੍ਰੇਸ਼ਨ ਯਕੀਨੀ ਕਰਵਾਈ ਜਾਵੇ ਅਤੇ ਵੱਧ ਤੋਂ ਵੱਧ ਉਨ੍ਹਾਂ ਵਿਦਿਆਰਥੀਆਂ ਨੂੰ ਜੋ ਸ਼ਰਤਾਂ ਪੂਰੀਆਂ ਕਰਦੇ ਹਨ ਨੂੰ ਪ੍ਰੀਖਿਆ ਦੇਣ ਬਾਰੇ ਪ੍ਰੇਰਿਤ ਕੀਤਾ ਜਾਵੇ।

ਜ਼ਿਲ੍ਹਾ ਸਿੱਖਿਆ ਅਫ਼ਸਰ (ਸ)
ਪਟਿਆਲਾ